# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 24-05-2024**

ਲੋਕ ਸਭਾ ਚੋਣਾਂ ਦੇ 6ਵੇਂ ਗੇੜ ਵਿਚ ਭਲਕੇ ਅੱਠ ਸੂਬਿਆਂ ਦੇ 58 ਹਲਕਿਆਂ 'ਚ ਵੋਟਿੰਗ ਹੋਵੇਗੀ । ਇਨ੍ਹਾਂ ਵਿੱਚ ਬਿਹਾਰ ਦੇ 8, ਹਰਿਆਣਾ ਦੇ ਸਾਰੇ ਹੀ 10, ਜੰਮੂ-ਕਸ਼ਮੀਰ ਵਿੱਚ ਇੱਕ, ਝਾਰਖੰਡ ਦੇ ਚਾਰ, ਦਿੱਲੀ ਦੇ ਸਾਰੇ 7, ਉੜੀਸਾ ਦੇ 6, ਉੱਤਰ ਪ੍ਰਦੇਸ਼ ਦੇ 14 ਅਤੇ ਪੱਛਮੀ ਬੰਗਾਲ ਦੇ 8 ਹਲਕੇ ਸ਼ਾਮਲ ਨੇ । ਇਨ੍ਹਾਂ 58 ਲੋਕ ਸਭਾ ਹਲਕਿਆਂ ਲਈ ਕੁੱਲ 889 ਉਮੀਦਵਾਰ ਚੋਣ ਮੈਦਾਨ ਵਿੱਚ ਨਿਤਰੇ ਹੋਏ ਨੇ । ਵੋਟਿੰਗ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਹੋਵੇਗੀ । ਇਨਾਂ ਚੋਣਾਂ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ ਅਤੇ ਚੋਣ ਅਮਲੇ ਨੇ, ਪੋਲਿੰਗ ਕੇਂਦਰਾਂ ਤੇ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਨੂੰ ਸਥਾਪਤ ਕਰ ਲਿਆ ਏ ।

----------------------------------------------------

ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਪੰਜਾਬ ਵਿਚ ਵੀ, ਚੋਣ ਪ੍ਰਚਾਰ ਹੁਣ ਭਖ ਗਿਆ ਏ। ਕਈ ਕੌਮੀ ਪਾਰਟੀਆਂ ਦੇ ਆਗੂ ਪ੍ਰਚਾਰ ਲਈ ਅੱਜ ਪੰਜਾਬ ਵਿਚ ਨੇ। ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਗੁਰਦਾਸਪੁਰ ਅਤੇ ਜਲੰਧਰ ਵਿਚ BJP ਦੀਆਂ ਚੋਣ ਰੈਲੀਆਂ ਨੂੰ ਸੰਬੋਧਤ ਕਰਨਗੇ। ਇਨਾਂ ਰੈਲੀਆਂ ਲਈ ਸਾਰੀਆਂ ਤਿਆਰੀਆਂ ਕਰ ਲਈਆਂ ਗਈਆਂ ਨੇ। ਜਲੰਧਰ ਦੇ PAP ਗਰਾਉਂਡ ਵਿਚ ਹੋਣ ਵਾਲੀ ਇਸ ਫਤਿਹ ਰੈਲੀ ਨੂੰ ਵੇਖਦਿਆਂ, ਅੰਮ੍ਰਿਤਸਰ - ਲੁਧਿਆਣਾ ਅਤੇ ਲੁਧਿਆਣਾ - ਪਠਾਨਕੋਟ ਰੂਟ ਤੇ ਟ੍ਰੈਫਿਕ ਪੁਲਿਸ ਨੇ ਅੱਜ ਬਾਅਦ ਦੁਪਹਿਰ ਤਿੰਨ ਤੋਂ ਸ਼ਾਮ ਸੱਤ ਵਜੇ ਤਕ ਆਵਾਜਾਈ ਨੂੰ ਬਦਲਵੇਂ ਰਸਤਿਆਂ ਰਾਹੀਂ ਭੇਜਣ ਦੀ ਵਿਵਸਥਾ ਕੀਤੀ ਏ। ਸੁਰੱਖਿਆ ਦੇ ਵੀ ਸਖਤ ਇੰਤਜਾਮ ਕੀਤੇ ਗਏ ਨੇ ਅਤੇ ਵੱਡੀ ਗਿਣਤੀ ਵਿਚ ਪੁਲਿਸ ਅਧਿਕਾਰੀਆਂ ਤੇ ਜਵਾਨਾਂ ਨੂੰ ਤਾਇਨਾਤ ਕੀਤਾ ਗਿਆ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਅੱਜ ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਿਚ ਪਾਰਟੀ ਦੇ ਉਮੀਦਵਾਰਾਂ ਦੇ ਹੱਕ

ਵਿਚ ਰੋੜ ਸ਼ੋ ਅਤੇ ਜਨਤਕ ਮੀਟਿੰਗਾਂ ਕਰਨਗੇ। ਇਸ ਨੂੰ ਵੇਖਦਿਆਂ ਪੁਲਿਸ ਪੂਰੀ ਤਰ੍ਹਾਂ ਨਾਲ ਚੌਕਸ ਏ। ਕਾਂਗਰਸ ਪਾਰਟੀ ਦੇ ਜਨਰਲ ਸਕੱਤਰ, ਸਚਿਨ ਪਾਇਲਟ ਸ਼੍ਰੀ ਅਨੰਦਪੁਰ ਸਾਹਿਬ ਲੋਕਸਭਾ ਹਲਕੇ ਦਾ ਦੌਰਾ ਕਰਕੇ, ਪਾਰਟੀ ਦੇ ਹੱਕ ਵਿਚ ਪ੍ਰਚਾਰ ਕਰ ਰਹੇ ਨੇ।

-----------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਏ, ਕਿ ਕਾਲਪਨਿਕ ਦ੍ਰਿਸ਼ ਬਣਾ ਕੇ ਲੋਕਾਂ ਨੂੰ ਭਾਰਤੀ ਜਨਤਾ ਪਾਰਟੀ ਨੂੰ ਵੋਟ ਦੇਣ ਲਈ ਡਰਾਉਣ ਦੀ ਬਜਾਏ, ਪ੍ਰਧਾਨ ਮੰਤਰੀ ਨੂੰ ਦੱਸਣਾ ਚਾਹੀਦਾ ਏ ਕਿ ਉਨ੍ਹਾਂ ਦੀ ਪਾਰਟੀ ਦੇਸ਼ ਨੂੰ ਕਿਵੇਂ ਅੱਗੇ ਲੈ ਕੇ ਜਾਵੇਗੀ। ਉਹ ਕਲ ਹੁਸ਼ਿਆਰਪੁਰ ਜ਼ਿਲ੍ਹੇ ਦੇ ਮੁਕੇਰੀਆਂ, ਦਸੂਹਾ, ਟਾਂਡਾ ਅਤੇ ਸ਼ਾਮ-ਚੁਰਾਸੀ ਵਿਖੇ ਪਾਰਟੀ ਉਮੀਦਵਾਰ ਸੋਹਣ ਸਿੰਘ ਠੰਡਲ ਦੇ ਹੱਕ ਵਿੱਚ ਚੋਣ ਮੀਟਿੰਗਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਪੰਜਾਬੀਆਂ ਨੂੰ ਅਕਾਲੀ ਦਲ ਦਾ ਸਾਥ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਅਕਾਲੀ ਦਲ ਇਕੱਲਾ ਉਨ੍ਹਾਂ ਦੇ ਹੱਕਾਂ ਲਈ ਖੜ੍ਹਾ ਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਉਹ, ਸਿੱਖ ਕੌਮ ਦੀਆਂ

ਧਾਰਮਿਕ ਸੰਸਥਾਵਾਂ ਮਜ਼ਬੂਤ ਕਰਨ ਲਈ ਅਕਾਲੀ ਦਲ ਨੂੰ ਮਜ਼ਬੂਤ ਕਰਨ।

---------------------------------------------------------------

ਸ੍ਰੀ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਵਿੱਚ 13 ਆਜ਼ਾਦ ਉਮੀਦਵਾਰਾਂ ਸਮੇਤ ਕੁੱਲ 28 ਉਮੀਦਵਾਰ ਚੋਣ ਮੈਦਾਨ ਵਿੱਚ ਨੇ। ਇੱਥੇ ਵੋਟਰਾਂ ਦੀ ਗਿਣਤੀ 17 ਲੱਖ 32 ਹਜ਼ਾਰ 211 ਏ ਅਤੇ ਇਨ੍ਹਾਂ ਵਿੱਚ 9 ਲੱਖ 4 ਹਜ਼ਾਰ 50 ਮਰਦ, 8 ਲੱਖ 28 ਹਜ਼ਾਰ 97 ਔਰਤ ਅਤੇ 64 ਟਰਾਂਸ-ਜੈਂਡਰ ਵੋਟਰ ਸ਼ਾਮਲ ਨੇ । ਹਲਕੇ ਵਿਚ ਕੁਲ 2 ਹਜ਼ਾਰ 68 ਪੋਲਿੰਗ ਕੇਂਦਰ ਬਣਾਏ ਜਾਣਗੇ। ਸਾਲ 2008 ਵਿੱਚ ਹੋਂਦ ਵਿੱਚ ਆਏ ਇਸ ਲੋਕ ਸਭਾ ਹਲਕੇ ਵਿੱਚ ਇਹ ਚੌਥੀ ਚੋਣ ਏ ਅਤੇ ਹਰ ਵਾਰ ਅਲੱਗ ਪਾਰਟੀ ਦੇ ਉਮੀਦਵਾਰ ਨੂੰ ਜਿੱਤ ਹਾਸਲ ਹੁੰਦੀ ਰਹੀ ਏ।

***ਹੋਰ ਵੇਰਵੇ ਨਾਲ ਇਹ ਰਿਪੋਰਟ : ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੀ ਸਰਹੱਦ ਨਾਲ ਲੱਗਦੇ ਸ੍ਰੀ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਵਿੱਚ ਵੱਖ-ਵੱਖ ਕੌਮੀ ਅਤੇ ਖੇਤਰੀ ਪਾਰਟੀਆਂ ਹਰ ਚੋਣ ਵਿੱਚ ਆਪਣੇ***

ਉਮੀਦਵਾਰ ਬਦਲਦੀਆਂ ਰਹੀਆਂ ਨੇ। ਇਸ ਵਾਰ ਵੀ ਕਾਂਗਰਸ ਪਾਰਟੀ ਨੇ ਮੌਜੂਦਾ ਸੰਸਦ ਮੈਂਬਰ ਮਨੀਸ਼ ਤਿਵਾੜੀ ਦੀ ਥਾਂ ਵਿਜੇ ਇੰਦਰ ਸਿੰਗਲਾ ਨੂੰ ਉਮੀਦਵਾਰ ਬਣਾਇਆ ਏ ਜਦਕਿ ਹਲਕੇ ਵਿਚ ਪਹਿਲੀ ਵਾਰ ਚੋਣ ਲੜ ਰਹੀ ਭਾਰਤੀ ਜਨਤਾ ਪਾਰਟੀ ਨੇ ਡਾ. ਸੁਭਾਸ਼ ਸ਼ਰਮਾ 'ਤੇ ਭਰੋਸਾ ਪ੍ਰਗਟਾਇਆ ਏ । ਆਮ ਆਦਮੀ ਪਾਰਟੀ ਵਲੋਂ ਪਾਰਟੀ ਦੇ ਬੁਲਾਰੇ ਮਾਲਵਿੰਦਰ ਸਿੰਘ ਕੰਗ ਚੋਣ ਮੈਦਾਨ ਵਿੱਚ ਨੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰੇਮ ਸਿੰਘ ਚੰਦੂਮਾਜਰਾ ਮੁਕਾਬਲੇ ਵਿਚ ਨਿਤਰੇ ਹੋਏ ਨੇ। ਉਹ ਇਸ ਤੋਂ ਪਹਿਲਾਂ 2014 ਵਿੱਚ ਵੀ ਇੱਥੋਂ ਸਾਂਸਦ ਰਹਿ ਚੁੱਕੇ ਨੇ । ਹੋਰਨਾਂ ਹਲਕਿਆਂ ਵਾਂਗ ਇੱਥੇ ਵੀ ਚੋਣ ਪ੍ਰਚਾਰ ਜ਼ੋਰਾਂ 'ਤੇ ਚੱਲ ਰਿਹਾ ਏ । 2019 ਦੀਆਂ ਚੋਣਾਂ ਵਿੱਚ ਜਿੱਤ ਹਾਰ ਦਾ ਫ਼ੈਸਲਾ ਕਰੀਬ ਚਾਰ ਫ਼ੀਸਦੀ ਵੋਟਾਂ ਨਾਲ ਹੋਇਆ ਸੀ ਜਦੋਂ ਕਾਂਗਰਸ ਨੂੰ ਕੋਈ 39 ਫ਼ੀਸਦੀ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ 35 ਫ਼ੀਸਦੀ ਵੋਟਾਂ ਮਿਲੀਆਂ ਸਨ ਜਦਕਿ ਆਮ ਆਦਮੀ ਪਾਰਟੀ ਨੂੰ ਸਿਰਫ਼ ਪੰਜ ਫ਼ੀਸਦੀ ਵੋਟਾਂ ਨਾਲ ਹੀ ਤਸੱਲੀ ਕਰਨੀ ਪਈ ਸੀ। ਲੋਕ ਸਭਾ ਹਲਕੇ ਦੇ 9 ਵਿੱਚੋਂ 7 ਵਿਧਾਨ ਸਭਾ ਹਲਕਿਆਂ ਵਿੱਚ

***<u>ਇਸ ਵੇਲੇ ਆਮ ਆਦਮੀ ਪਾਰਟੀ ਦੇ ਵਿਧਾਇਕ ਹੋਣ ਕਾਰਨ ਪਾਰਟੀ ਨੂੰ ਸੱਤਾ ਵਿਰੋਧੀ ਲਹਿਰ ਦਾ ਸਾਹਮਣਾ ਕਰਨਾ ਪੈ ਰਿਹਾ ਏ। ਉਧਰ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਇਸ ਵਾਰ ਅਲੱਗ-ਅਲੱਗ ਚੋਣ ਮੈਦਾਨ ਵਿੱਚ ਨੇ ਜਿਸ ਨਾਲ ਮੁਕਾਬਲਾ ਬਹੁਤ ਦਿਲਚਸਪ ਹੋ ਗਿਆ ਏ। ਇਸ ਸਭ ਦੇ ਵਿਚਾਲੇ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਜਸਬੀਰ ਸਿੰਘ ਗੜ੍ਹੀ ਵੀ ਆਪਣੀ ਚੋਣ ਮੁਹਿੰਮ ਨੂੰ ਅੱਗੇ ਵਧਾਉਣ ਵਿੱਚ ਰੁੱਝੇ ਹੋਏ ਨੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ</u>***

---------------------------------------------------------------

ਪੰਜਾਬ ਵਿਚ ਅੱਤ ਦੀ ਗਰਮੀ ਤੋਂ ਰਾਹਤ ਮਿਲਣ ਦੀ ਫਿਲਹਾਲ ਕੋਈ ਆਸ ਨਹੀਂ ਏ । ਆਉਂਦੇ ਦਿਨਾਂ ਵਿਚ ਤਾਪਮਾਨ ਹੋਰ ਵੱਧ ਸਕਦਾ ਏ। ਭਾਵੇਂ ਅੱਜ ਤਾਪਮਾਨ ਵਿਚ 1.4 ਡਿਗਰੀ ਸੈਲਸੀਅਸ ਦੀ ਗਿਰਾਵਟ ਦਰਜ਼ ਕੀਤੀ ਗਈ ਏ ਪਰ ਗਰਮੀ ਦਾ ਜ਼ੋਰ ਕਾਇਮ ਏ। ਬਠਿੰਡਾ ਦਾ ਤਾਪਮਾਨ ਪਿਛਲੇ ਕਈ ਦਿਨਾਂ ਤੋਂ ਸਭ ਤੋਂ ਵੱਧ ਦਰਜ ਕੀਤਾ ਜਾ ਰਿਹਾ ਏ। ਮੌਸਮ ਵਿਭਾਗ ਨੇ ਹੀਟ ਵੇਵ ਸੰਬੰਧੀ ਓਰੇਂਜ ਅਲਰਟ ਜਾਰੀ ਕੀਤਾ

ਏ। ਅੱਤ ਦੀ ਗਰਮੀ ਤੋਂ ਬਚਣ ਲਈ, ਲੋਕਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਪਾਣੀ ਪੀਣ ਅਤੇ ਅਲਕੋਹਲ ਤੇ ਕੈਫੀਨ ਵਾਲੇ ਪੀਣ ਵਾਲੇ ਪਦਾਰਥਾਂ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ ਗਈ ਏ।

---------------------------------------------------------------

ਇਸ ਦੌਰਾਨ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਖੇਤਾਂ ਵਿਚ ਹੀ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਜਾਰੀ ਨੇ। ਸਰਕਾਰੀ ਅੰਕੜਿਆਂ ਅਨੁਸਾਰ ਕਲ ਨਾੜ ਸਾੜਨ ਦੇ ਕੁਲ 182 ਮਾਮਲੇ ਸਾਹਮਣੇ ਆਏ ਨੇ, ਜਿਸ ਨਾਲ ਸੂਬੇ ਵਿਚ ਹੁਣ ਤਕ ਅੱਗ ਲਗਾਉਣ ਦੇ ਮਾਮਲਿਆਂ ਦੀ ਕੁਲ ਗਿਣਤੀ 11 ਹਜ਼ਾਰ 434 ਹੋ ਗਈ ਏ। ਕਲ ਨਾੜ ਸਾੜਨ ਦੀਆਂ ਸਬ ਤੋਂ ਵੱਧ ਘਟਨਾਵਾਂ ਲੁਧਿਆਣਾ ਜ਼ਿਲੇ ਵਿਚ 23 ਦਰਜ਼ ਕੀਤੀਆਂ ਗਈਆਂ ਜਦਕਿ ਜਲੰਧਰ ਵਿਚ 22 ਅਤੇ ਮੋਗਾ ਵਿਚ 15 ਥਾਂਵਾਂ ਤੇ ਖੇਤਾਂ ਵਿਚ ਹੀ ਨਾੜ ਨੂੰ ਅੱਗ ਲਗਾਈ ਗਈ।